# <u>ਪ੍ਰੈਸ ਨੋਟ</u>

# ਮੋਗਾ ਪੁਲਿਸ ਨੂੰ 24 ਕਿੱਲੋ ਅਫੀਮ ਅਤੇ 4 ਲੱਖ ਰੁਪਏ ਡਰੱਗ ਮਨੀ ਬਰਾਮਦ ਕਰਨ ਵਿਚ ਮਿਲੀ ਵੱਡੀ ਸਫਲਤਾ।

ਮਾਣਯੋਗ ਮੁੱਖ ਮੰਤਰੀ ਪੰਜਾਬ, ਉਪ-ਮੁੱਖ ਮੰਤਰੀ ਪੰਜਾਬ ਅਤੇ ਡੀ.ਜੀ.ਪੀ ਪੰਜਾਬ ਜੀ ਵੱਲੋ ਨਸ਼ਿਆਂ ਖਿਲਾਫ ਚਲਾਈ ਜਾ ਰਹੀ "ਜੀਰੋ ਟਾਲਰੈਂਸ" ਮੁਹਿੰਮ ਅਧੀਨ ਸ੍ਰੀ ਸੁਰਿੰਦਰਜੀਤ ਸਿੰਘ ਮੰਡ PPS /ਐਸ.ਐਸ.ਪੀ ਮੋਗਾ ਜੀ ਦੇ ਦਿਸ਼ਾ ਨਿਰਦੇਸ਼ਾ ਹੇਠ ਅਤੇ ਸ੍ਰੀ ਜਗਤਪ੍ਰੀਤ ਸਿੰਘ, ਐਸ.ਪੀ-ਆਈ, ਮੋਗਾ ਦੀ ਨਿਗਰਾਨੀ ਹੇਠ ਸੀ.ਆਈ.ਏ ਸਟਾਫ ਮੋਗਾ ਵੱਲੋਂ 24 ਕਿੱਲੋ ਅਫੀਮ ਅਤੇ 4 ਲੱਖ ਰੁਪਏ ਡਰੱਗ ਮਨੀ ਬਰਾਮਦ ਕਰਕੇ ਵੱਡੀ ਸਫਲਤਾ ਹਾਸਿਲ ਕੀਤੀ ਗਈ ਹੈ।

ਇੰਸਪੈਕਟਰ ਕਿੱਕਰ ਸਿੰਘ, ਸੀ.ਆਈ.ਏ ਸਟਾਫ ਮੋਗਾ ਨੂੰ ਇਤਲਾਹ ਮਿਲੀ ਸੀ ਕਿ ਗੁਰਪ੍ਰੀਤ ਸਿੰਘ ਉਰਫ ਰਿੰਪੀ ਪੁੱਤਰ ਬਿੱਕਰ ਸਿੰਘ ਵਾਸੀ ਚੁਗਾਵਾ ਹਾਲ ਅਬਾਦ ਕਰਤਾਰ ਨਗਰ ਵਾਰਡ ਨੰਬਰ 07 ਮੋਗਾ ਜੋ ਕਿ ਅਫੀਮ ਵੇਚਣ ਦਾ ਧੰਦਾ ਕਰਦਾ ਹੈ ਅਤੇ ਅੱਜ ਵੀ ਅਫੀਮ ਆਪਣੇ ਗਾਹਕਾਂ ਨੂੰ ਦੇਣ ਲਈ ਲਿੰਕ ਰੋਡ ਮਹਿਮੇਵਾਲਾ ਤੇ ਹੁੰਦਾ ਹੋਇਆ ਫੋਕਲ ਪੁਆਇਟ ਵਿੱਚ ਦੀ ਮੋਗਾ ਲੁਧਿਆਣਾ ਜੀ.ਟੀ ਰੋਡ ਨੂੰ ਆ ਰਿਹਾ ਹੈ।

ਜਿਸ ਤੇ ਕਾਰਵਾਈ ਕਰਦੇ ਹੋਏ ਇੰਸਪੈਕਟਰ ਕਿੱਕਰ ਸਿੰਘ ਨੇ ਸਮੇਤ ਪੁਲਿਸ ਪਾਰਟੀ ਨਾਕਾਬੰਦੀ ਕਰਕੇ ਸ਼੍ਰੀ ਜਸਤਿੰਦਰ ਸਿੰਘ, ਡੀ.ਐਸ.ਪੀ-ਡੀ ਮੋਗਾ ਜੀ ਦੀ ਮੌਜੂਦਗੀ ਵਿਚ ਗੁਰਪ੍ਰੀਤ ਸਿੰਘ ਉਰਫ ਰਿੰਪੀ ਨੂੰ ਕਾਬੂ ਕਰਕੇ ਉਸਦੀ ਕਾਰ ਸਵਿਫਟ ਡੀਜਾਇਰ ਨੰਬਰੀ **ਪੀ.ਬੀ-04-ਏ.ਡੀ-7962** ਰੰਗ ਚਿੱਟਾ ਦੀ ਤਲਾਸ਼ੀ ਕਰਨ ਤੇ ਕਾਰ ਵਿਚੋ **ਦੀ ਵੱਡੀ ਮਾਤਰਾ ਵਿਚ ਅਫੀਮ** (24 **ਕਿੱਲੋ**) **ਅਤੇ** 4 **ਲੱਖ ਰੁਪਏ ਡਰੱਗ ਮਨੀ** ਬਰਾਮਦ ਕੀਤੀ ਗਈ ਹੈ।

ਇਸ ਵਿਸ਼ੇ ਸਬੰਧੀ **ਮੁਕੱਦਮਾ ਨੰਬਰ** 183 **ਮਿਤੀ** 16-10-2021 **ਅ/ਧ** 18-61-85 **ਐਨ.ਡੀ.ਪੀ.ਐਸ ਐਕਟ ਥਾਣਾ ਸਿਟੀ ਮੋਗਾ** ਰਜਿਸਟਰ ਕਰਕੇ, ਇਹ ਅਫੀਮ ਦੋਸ਼ੀ ਦੁਆਰਾ ਕਿਥੋ ਲਿਆਦੀ ਗਈ ਸੀ ਅਤੇ ਅੱਗੇ ਕਿਸ ਨੂੰ ਸਪਲਾਈ ਕੀਤੀ ਜਾਣੀ ਸੀ ਇਸ ਦੀ ਜਾਂਚ ਕੀਤੀ ਜਾ ਰਹੀ ਹੈ।